# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 21-10-2024**

ਪੁਲਿਸ ਯਾਦਗਾਰੀ ਦਿਵਸ 'ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਸ਼ਹੀਦਾਂ ਨੂੰ ਉਨ੍ਹਾਂ ਦੀਆਂ ਮਹਾਨ ਕੁਰਬਾਨੀਆਂ ਲਈ ਯਾਦ ਕੀਤਾ। ਇਕ ਸੋਸ਼ਲ ਮੀਡੀਆ ਪੋਸਟ ਵਿੱਚ ਅਮਿਤ ਸ਼ਾਹ ਨੇ ਕਿਹਾ ਕਿ ਇਹ ਇਕ ਅਜਿਹਾ ਮੌਕਾ ਏ, ਜੋ ਦੇਸ਼ ਨੂੰ ਸੁਰੱਖਿਅਤ ਦੇਖਣ ਲਈ ਪੁਲਿਸ ਮੁਲਾਜ਼ਮਾਂ ਤੇ ਉਨ੍ਹਾਂ ਦੇ ਪਰਿਵਾਰਾਂ ਦੀਆਂ ਬੇਅੰਤ ਕੁਰਬਾਨੀਆਂ ਦਾ ਸਨਮਾਨ ਕਰਦਾ ਏ। ਗ੍ਰਹਿ ਮੰਤਰੀ ਨੇ ਦੇਸ਼ ਵਾਸਤੇ ਕੀਤੀਆਂ ਕੁਰਬਾਨੀਆਂ ਲਈ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਅੱਜ ਸਵੇਰੇ ਨਵੀਂ ਦਿੱਲੀ ਵਿਚ ਕੌਮੀ ਪੁਲੀਸ ਯਾਦਗਾਰ ’ਤੇ ਫੁੱਲ ਮਾਲਾਵਾਂ ਭੇਟ ਕੀਤੀਆਂ ਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਆਪਣੇ ਸੰਬੋਧਨ ਵਿਚ ਅਮਿਤ ਸ਼ਾਹ ਨੇ ਕਿਹਾ ਕਿ 36 ਹਜ਼ਾਰ 468 ਪੁਲਿਸ ਮੁਲਾਜ਼ਮਾਂ ਨੇ ਡਿਊਟੀ ਦੌਰਾਨ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ ਨੇ। ਉਨ੍ਹਾਂ

ਕਿਹਾ ਕਿ ਪਿਛਲੇ ਇਕ ਸਾਲ ਵਿਚ 216 ਪੁਲਿਸ ਮੁਲਾਜ਼ਮਾਂ ਨੇ ਆਪਣੀ ਕੁਰਬਾਨੀ ਦਿੱਤੀ ਏ। ਗ੍ਰਹਿ ਮੰਤਰੀ ਨੇ ਕਿਹਾ ਕਿ ਪਿਛਲੇ ਇਕ ਦਹਾਕੇ ਵਿੱਚ ਬਹਾਦਰ ਜਵਾਨਾਂ ਦੇ ਉਪਰਾਲਿਆਂ ਸਦਕਾ ਜੰਮੂ-ਕਸ਼ਮੀਰ, ਉੱਤਰ-ਪੂਰਬ ਤੇ ਖੱਬੇ ਪੱਖੀ ਕੱਟੜਵਾਦ ਤੋਂ ਪ੍ਰਭਾਵਿਤ ਖੇਤਰਾਂ ਵਿੱਚ ਸ਼ਾਂਤੀ ਬਹਾਲ ਹੋਈ ਏ। ਉਨ੍ਹਾਂ ਕਿਹਾ ਕਿ ਤਿੰਨ ਨਵੇਂ ਅਪਰਾਧਿਕ ਕਾਨੂੰਨ ਇਹ ਯਕੀਨੀ ਬਣਾਉਣਗੇ, ਕਿ ਦੇਸ਼ ਦੀ ਅਪਰਾਧਿਕ ਪ੍ਰਣਾਲੀ ਦੁਨੀਆ ਵਿਚ ਸਭ ਤੋਂ ਆਧੁਨਿਕ ਬਣ ਜਾਵੇਗੀ।

-----------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਪੁਲਿਸ ਯਾਦਗਾਰੀ ਦਿਵਸ ਦੇ ਮੌਕੇ ‘ਤੇ ਬਹਾਦਰ ਪੁਲਿਸ ਮੁਲਜ਼ਮਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਪ੍ਰਧਾਨ ਮੰਤਰੀ ਨੇ ਐਕਸ 'ਤੇ ਪੋਸਟ ਸਾਂਝੀ ਕਰਦਿਆਂ, ਕਿਹਾ ਕਿ ਅਸੀਂ ਪੁਲਿਸ ਕਰਮਚਾਰੀਆਂ ਦੀ ਬਹਾਦਰੀ ਅਤੇ ਕੁਰਬਾਨੀ ਦਾ ਸਨਮਾਨ ਕਰਦੇ ਹਾਂ। ਸ੍ਰੀ ਮੋਦੀ ਨੇ ਕਿਹਾ ਉਨ੍ਹਾਂ ਦਾ ਅਟੁੱਟ ਸਮਰਪਣ ਸਾਡੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਂਦਾ ਏ, ਉਹ ਸਾਹਸ ਅਤੇ

ਦ੍ਰਿੜਤਾ ਦੀ ਮਿਸਾਲ ਦਿੰਦੇ ਨੇ। ਮਾਨਵਤਾਵਾਦੀ ਚੁਣੌਤੀਆਂ ਦੌਰਾਨ ਉਨ੍ਹਾਂ ਦੇ ਸਰਗਰਮ ਯਤਨ ਅਤੇ ਸਹਾਇਤਾ ਵੀ ਸ਼ਲਾਘਾਯੋਗ ਨੇ।

-----------------------------------------------------

ਜਲੰਧਰ ਸਥਿਤ ਬੀ.ਐਸ.ਐਫ ਪੰਜਾਬ ਫਰੰਟੀਅਰ ਹੈੱਡ-ਕੁਆਰਟਰ ਦੇ IG ਡਾ.ਅਤੁਲ ਫੁਲਝੇਲੇ ਨੇ, ਸ਼ਹੀਦ ਸਮਾਰਕ ਵਿਖੇ ਪੁਲਿਸ ਯਾਦਗਾਰੀ ਦਿਹਾੜੇ ਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ । ਇਸ ਮੌਕੇ ਬੀ.ਐਸ.ਐਫ ਅਧਿਕਾਰੀ ਅਤੇ ਜਵਾਨ ਵੀ ਮੌਜੂਦ ਰਹੇ। ਉਨ੍ਹਾਂ ਦੇਸ਼ ਲਈ ਸਰਵਉੱਚ ਕੁਰਬਾਨੀ ਕਰਨ ਵਾਲੇ ਸ਼ਹੀਦਾਂ ਦੇ ਨਾਂ ਪੜ੍ਹੇ ਅਤੇ ਉਨ੍ਹਾਂ ਦੀ ਯਾਦ ਅਤੇ ਵਿਰਾਸਤ ਨੂੰ ਸਲਾਮ ਕੀਤਾ। ਡਾ. ਅਤੁਲ ਫੁਲਝੇਲੇ ਨੇ ਕਿਹਾ ਕਿ ਉਨ੍ਹਾਂ ਦੀ ਹਿੰਮਤ, ਸਮਰਪਣ ਅਤੇ ਨਿਰਸਵਾਰਥ ਭਾਵਨਾ ਸਾਨੂੰ ਇੱਕ ਸੁਰੱਖਿਅਤ ਰਾਸ਼ਟਰ ਅਤੇ ਇੱਕ ਬਿਹਤਰ ਸਮਾਜ ਬਣਾਉਣ ਲਈ ਹਮੇਸ਼ਾ ਪ੍ਰੇਰਿਤ ਕਰਦੀ ਰਹੇਗੀ।

-----------------------------------------------------

ਪੁਲਿਸ ਯਾਦਗਾਰੀ ਦਿਹਾੜੇ ਦਾ ਸੂਬਾ ਪੱਧਰੀ ਸਮਾਗਮ, ਜਲੰਧਰ ਦੇ PAP ਗ੍ਰਾਊਂਡ ਵਿਖੇ ਕਰਵਾਇਆ ਗਿਆ । ਪੰਜਾਬ ਪੁਲਿਸ ਮੁਖੀ ਗੌਰਵ

ਯਾਦਵ ਨੇ ਸ਼ਾਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਅਸੀਂ ਬਹਾਦਰ ਪੁਲਿਸ ਸ਼ਹੀਦਾਂ - ਸਾਡੇ ਭਰਾਵਾਂ ਅਤੇ ਭੈਣਾਂ ਨੂੰ ਕਰਦੇ ਆ ਜਿਨ੍ਹਾਂ ਨੇ ਖ਼ਤਰੇ ਦਾ ਸਾਹਮਣਾ ਕੀਤਾ ਅਤੇ ਸਾਡੇ ਦੇਸ਼ ਦੀ ਰੱਖਿਆ ਲਈ ਆਪਣੀ ਕੁਰਬਾਨੀ ਦਿੱਤੀ। DGP ਨੇ ਕਿਹਾ ਕਿ ਉਨ੍ਹਾਂ ਦੀ ਬਹਾਦਰੀ ਸਾਡੀ ਵਚਨਬੱਧਤਾ ਨੂੰ ਵਧਾਉਂਦੀ ਏ ਤੇ ਸਾਨੂੰ ਯਾਦ ਦਿਵਾਉਂਦੀ ਏ ਕਿ ਜਦੋਂ ਸਾਡੇ ਲੋਕਾਂ ਦੀ ਸੁਰੱਖਿਆ ਦੀ ਗੱਲ ਆਉਂਦੀ ਏ ਤਾਂ ਕੋਈ ਵੀ ਚੁਣੌਤੀ ਬਹੁਤ ਵੱਡੀ ਨਹੀਂ ਹੁੰਦੀ। ਉਨ੍ਹਾਂ ਕਿਹਾ ਕਿ ਸ਼ਹੀਦ ਪਰਿਵਾਰਾਂ ਦੀ ਦੇਖ-ਭਾਲ ਕਰਨ ਲਈ ਸਾਡਾ ਫਰਜ਼ ਬਣਦਾ ਏ ਅਤੇ ਪੰਜਾਬ ਪੁਲਿਸ ਇਸ ਲਈ ਵਚਨਬੱਧ ਏ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ, ਆਲਮੀ ਭਵਿੱਖ ਨੂੰ ਆਕਾਰ ਦੇਣ ਵਿੱਚ ਮੋਹਰੀ ਭੂਮਿਕਾ ਨਿਭਾ ਰਿਹਾ ਏ। ਉਨ੍ਹਾਂ ਕਿਹਾ ਕਿ ਦੇਸ਼ ਹਰ ਖੇਤਰ ਵਿੱਚ ਬੇਮਿਸਾਲ ਤਰੱਕੀ ਕਰ ਰਿਹਾ ਏ। ਇੱਕ ਨਿੱਜੀ ਮੀਡੀਆ ਆਉਟਲੈਟ ਵਲੋਂ ਕਰਵਾਏ ਗਏ ਵਿਸ਼ਵ ਸੰਮੇਲਨ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਜਿੱਥੇ ਦੁਨੀਆ AI ਨੂੰ

ਆਰਟੀਫੀਸ਼ੀਅਲ ਇੰਟੈਲੀਜੈਂਸ ਵਜੋਂ ਮਾਨਤਾ ਦਿੰਦੀ ਏ, ਭਾਰਤ ਕੋਲ ਦੂਜਾ AI-Aspirational ਭਾਰਤ ਏ। ਉਨ੍ਹਾਂ ਕਿਹਾ ਕਿ ਜਦੋਂ ਵਿਸ਼ਵ ਅਨਿਸ਼ਚਿਤਤਾ ਵਿੱਚ ਘਿਰਿਆ ਹੋਇਆ ਸੀ ਤਾਂ ਭਾਰਤ, ਉਮੀਦ ਦੀ ਇੱਕ ਕਿਰਨ ਬਣ ਕੇ ਉਭਰਿਆ। ਕੋਵਿਡ-19, ਆਲਮੀ ਅਰਥਵਿਵਸਥਾ, ਮਹਿੰਗਾਈ, ਬੇਰੁਜ਼ਗਾਰੀ, ਜਲਵਾਯੂ ਤਬਦੀਲੀ ਅਤੇ ਜੰਗਾਂ ਵਰਗੇ ਮੁੱਦਿਆਂ ਨੂੰ ਉਜਾਗਰ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਵਿਸ਼ਵਵਿਆਪੀ ਹਾਲਾਤ, ਭਾਰਤ ਨੂੰ ਵੀ ਪ੍ਰਭਾਵਿਤ ਕਰਦੇ ਨੇ। ਪ੍ਰਧਾਨ ਮੰਤਰੀ ਨੇ ਕਿਹਾ ਕਿ NDA ਸਰਕਾਰ ਦੇ ਤੀਜੇ ਕਾਰਜਕਾਲ ਦੇ ਸਿਰਫ਼ 125 ਦਿਨਾਂ ਵਿੱਚ, 9 ਲੱਖ ਕਰੋੜ ਰੁਪਏ ਦੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਗਈ ਏ, ਅਤੇ 15 ਨਵੀਆਂ ਵੰਦੇ ਭਾਰਤ ਰੇਲ ਗੱਡੀਆਂ ਸ਼ੁਰੂ ਕੀਤੀਆਂ ਗਈਆਂ ਨੇ। ਉਨ੍ਹਾਂ ਕਿਹਾ ਕਿ 8 ਹਵਾਈ ਅੱਡਿਆਂ ਦੀ ਉਸਾਰੀ ਸ਼ੁਰੂ ਹੋ ਚੁਕੀ ਏ, 5 ਲੱਖ ਘਰਾਂ 'ਚ ਛੱਤਾਂ 'ਤੇ ਸੋਲਰ ਪਲਾਂਟ ਲਗਾਏ ਗਏ ਨੇ ਅਤੇ 90 ਕਰੋੜ ਤੋਂ ਵੱਧ ਰੁੱਖ ਵੀ ਲਗਾਏ ਗਏ ਨੇ। ਸ੍ਰੀ ਮੋਦੀ ਨੇ ਇਹ ਵੀ ਉਜਾਗਰ ਕੀਤਾ ਕਿ ਇਨ੍ਹਾਂ 125 ਦਿਨਾਂ ਦੌਰਾਨ ਦੇਸ਼ ਦਾ ਵਿਦੇਸ਼ੀ ਮੁਦਰਾ ਭੰਡਾਰ 700 ਅਰਬ ਡਾਲਰ ਤੋਂ ਵੱਧ

ਹੋ ਗਿਆ ਏ। ਸ੍ਰੀ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਸਿਰਫ਼ ਘਟਨਾਵਾਂ ਦੀ ਸੂਚੀ ਨਹੀਂ ਸਗੋਂ ਭਾਰਤ ਨਾਲ ਜੁੜੀਆਂ ਉਮੀਦਾਂ ਦੀ ਸੂਚੀ ਏ।

-----------------------------------------------------------

ਇਸੇ ਤਰਾਂ ਸ਼ਹੀਦਾਂ ਦੀ ਯਾਦ ਵਿਚ ਮੁਹਾਲੀ ਵਿਖੇ ਵੀ ਪੁਲਿਸ ਯਾਦਗਾਰੀ ਦਿਵਸ ਮਨਾਇਆ ਗਿਆ। ਇਸ ਮੌਕੇ ਡੀ.ਸੀ.ਕੰਪਲੈਕਸ ਵਿਖੇ ਹੋਏ ਸਮਾਗਮ ਵਿਚ ਰੋਪੜ ਰੇਂਜ ਦੇ ਡੀ.ਆਈ.ਜੀ. ਰੋਪੜ ਨੀਲਾਂਬਰੀ ਜਗਦਲੇ ਤੇ ਐਸ.ਐਸ.ਪੀ. ਮੁਹਾਲੀ ਦੀਪਕ ਪਾਰੀਕ ਨਾਲ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸੇ ਤਰ੍ਹਾਂ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਨੇ ਵੀ ਫੁੱਲ ਮਾਲਾਵਾਂ ਭੇਟ ਕੀਤੀਆਂ।

-----------------------------------------------------------

ਓਦਰ ਬਰਨਾਲਾ ਪੁਲਸ ਵਲੋਂ ਪੁਲਸ ਸ਼ਹੀਦੀ ਦਿਹਾੜਾ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮਨਾਇਆ ਗਿਆ। ਇਸ ਸਮਾਗਮ ਵਿਚ ਜਿਥੇ ਪੁਲੀਸ ਟੁਕੜੀ ਵਲੋਂ ਸ਼ਰਧਾਂਜਲੀਆਂ ਅਰਪਣ ਕੀਤੀਆਂ ਗਈਆਂ, ਉਥੇ ਹੀ ਪੁਲਸ ਅਧਿਕਾਰੀਆਂ ਤੇ ਜ਼ਿਲ੍ਹਾ ਸੈਸ਼ਨ ਜੱਜ ਵਲੋਂ ਏਅਰ ਫੋਰਸ ਅਧਿਕਾਰੀਆਂ ਨਾਲ ਸਾਂਝੇ ਤੌਰ ਤੇ ਪੁਲੀਸ ਸ਼ਹੀਦ ਪਰਿਵਾਰਕ ਮੈਂਬਰਾਂ ਨੂੰ ਸਨਮਾਨ

ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਸ਼ਹੀਦ ਹੋਏ ਪੁਲਸ ਮੁਲਾਜ਼ਮ ਤੇ ਸਰਹੱਦਾਂ ਉੱਤੇ ਰਾਖ਼ੀ ਕਰਦੇ ਪੁਲਸ ਮੁਲਾਜ਼ਮਾਂ ਦੀ ਸੂਚੀ ਵੀ ਦੁਹਰਾਈ ਗਈ। ਸਮਾਗਮ ਦੌਰਾਨ ਜ਼ਿਲ੍ਹਾ ਸੈਸ਼ਨ ਜੱਜ ਬੀ ਐਸ ਤੇਜ਼ੀ, ਏਅਰ ਫੋਰਸ ਅਧਿਕਾਰੀ ਤੇ ਆਰ.ਬੀ. ਦੇ ਅਧਿਕਾਰੀ ਅਵਤਾਰ ਸਿੰਘ ਤੋਂ ਇਲਾਵਾ ਸ਼ਹੀਦੀ ਪੁਲਸ ਪਰਿਵਾਰਕ ਮੈਂਬਰ ਹਾਜ਼ਰ ਸਨ। ਸਮਾਗਮ ਦੌਰਾਨ ਸ਼ਹੀਦ ਪਰਿਵਾਰਾਂ ਦੇ ਵਿਸ਼ੇਸ਼ ਸਵੇਰੇ ਦੇ ਖਾਣੇ ਦਾ ਪ੍ਰਬੰਧ ਵੀ ਕਰਵਾਇਆ ਹੋਇਆ ਸੀ।

---------------------------------------------------------------

25 ਸਾਲ ਤੋਂ ਘੱਟ ਉਮਰ ਦੇ ਲੋਕਾਂ ਨੂੰ ਸ਼ਰਾਬ ਪਰੋਸਣ ਤੋਂ ਰੋਕਣ ਲਈ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਮੋਹਾਲੀ ਆਬਕਾਰੀ ਵਿਭਾਗ ਨੇ ਇਕ ਵਿਆਪਕ ਅਭਿਆਨ ਚਲਾਇਆ, ਜਿਸ ਤਹਿਤ ਬੀਤੀ ਰਾਤ ਮੋਹਾਲੀ ਜ਼ਿਲ੍ਹੇ ਦੇ ਕਈ ਬਾਰਾਂ ਤੇ ਕਲੱਬਾਂ ਦੀ ਚੈਕਿੰਗ ਕੀਤੀ ਗਈ। ਇਸ ਮੰਤਵ ਲਈ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ, ਜਿਨ੍ਹਾਂ ਮੋਹਾਲੀ ਤੇ ਜ਼ੀਰਕਪੁਰ ਦੇ ਕਈ ਬਾਰਾਂ ਤੇ ਕਲੱਬਾਂ ’ਤੇ ਛਾਪੇਮਾਰੀ ਕੀਤੀ। ਇਸ ਦੇ ਨਤੀਜੇ ਵਜੋਂ ਨਿਯਮਾਂ ਦੀ ਉਲੰਘਣਾ ਕਰਨ ਵਾਲਿਆ ਦੇ ਚਲਾਨ

ਕੀਤੇ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਹਾਇਕ ਕਮਿਸ਼ਨਰ (ਆਬਕਾਰੀ) ਅਸ਼ੋਕ ਚਲੋਤਰਾ ਨੇ ਦੱਸਿਆ ਕਿ ਮੁਹਾਲੀ ਜ਼ਿਲ੍ਹੇ ਵਿਚ 25 ਸਾਲ ਤੋਂ ਘੱਟ ਉਮਰ ਵਰਗ ਨੂੰ ਸ਼ਰਾਬ ਨਾ ਦੇਣ ਦੇ ਹੁਕਮਾਂ ਨੂੰ ਯਕੀਨੀ ਬਣਾਉਣ ਪਿਛਲੇ ਦੋ ਦਿਨਾਂ ਤੋਂ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਨਿਯਮਾਂ ਦੀ ਪਾਲਣਾ ਤੋਂ ਇਲਾਵਾ ਇਹ ਸਾਡੀ ਸਾਰਿਆਂ ਦੀ ਨੈਤਿਕ ਤੇ ਸਮਾਜਿਕ ਜ਼ਿੰਮੇਵਾਰੀ ਬਣਦੀ ਹੈ ਕਿ ਘੱਟ ਉਮਰ ਵਰਗ ਵਿੱਚ ਸ਼ਰਾਬ ਪੀਣ ਦੇ ਰੁਝਾਨ ਨੂੰ ਕਾਬੂ ਕੀਤਾ ਜਾਵੇ ।

----------------------------------------------------------

ਪੁਲਸ ਲਾਇਨ ਫਤਿਹਗੜ੍ਹ ਸਾਹਿਬ ਵਿਖੇ ਸ਼ਹੀਦੀ ਦਿਹਾੜੇ ਮੋਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਜ਼ਿਲਾ ਪੁਲਸ ਮੁਖੀ ਡਾ. ਰਵਜੋਤ ਗਰੇਵਾਲ, ਜਿਲਾ ਤੇ ਸੈਸ਼ਨ ਜੱਜ ਅਰੁਣ ਗੁਪਤਾ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸੁਰਿੰਦਰ ਸਿੰਘ ਧਾਲੀਵਾਲ, ਜਿਲਾ ਅਟਾਰਨੀ ਫਤਿਹਗੜ੍ਹ ਸਾਹਿਬ ਤੇ ਹੋਰ ਪਤਵੰਤਿਆਂ ਵਲੋਂ ਜਿੱਥੇ ਸ਼ਹੀਦੀ ਸਮਾਰਕ ਤੇ ਸ਼ਹੀਦਾਂ ਨੂੰ ਸ਼ਰਧਾਜ਼ਲੀ ਭੇਟ ਕੀਤੀ ਗਈ ਉਥੇ ਹੀ ਜ਼ਿਲੇ ਦੇ ਸਮੂਹ

ਸ਼ਹੀਦਾਂ ਪਰਿਵਾਰਾਂ ਦੇ ਵਾਰਸਾਂ ਨੂੰ ਸਨਮਾਨਤ ਵੀ ਕੀਤਾ ਗਿਆ ਤੇ ਸ਼ਹੀਦਾਂ ਨੂੰ ਸ਼ਰਧਾ ਦੇ ਫੁਲ ਵੀ ਭੇਂਟ ਕੀਤੇ।